# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 13:40

**ਮਿਤੀ :12-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਭਾਰਤੀ ਸਮੁੰਦਰੀ ਫੌਜ ਨੇ ਅੱਜ ਮੁੰਬਈ 'ਚ ਪਣਡੁੱਬੀ ਵਿਰੋਧੀ ਜਹਾਜ਼ INS ਮੰਗਰੋਲ ਨੂੰ ਸਮੁੰਦਰੀ ਫੌਜ 'ਚ ਸ਼ਾਮਲ ਕੀਤਾ ਏ |

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਹੈ ਕਿ ਸਰਕਾਰ ਪਿਛਲੇ ਕੁਝ ਸਾਲਾਂ ਤੋਂ ਰੱਖਿਆ ਖੇਤਰ ਵਿੱਚ ਆਤਮ-ਨਿਰਭਰਤਾ ਅਤੇ ਆਧੁਨਿਕੀਕਰਨ 'ਤੇ ਧਿਆਨ ਕੇਂਦਰਿਤ ਕਰ ਰਹੀ ਏ।

- ਸੁਪਰੀਮ ਕੋਰਟ ਦੇ CHIEF JUSTICE, ਜਸਟਿਸ ਸੂਰਿਆ ਕਾਂਤ ਨੇ ਕਿਹਾ ਹੈ ਕਿ ਜਦੋਂ ਸੰਵਿਧਾਨਕ ਅਧਿਕਾਰਾਂ ਦੀ ਉਲੰਘਣਾ ਹੁੰਦੀ ਹੈ ਤਾਂ ਅਦਾਲਤਾਂ ਨੂੰ ਦਖਲ ਦੇਣਾ ਚਾਹੀਦਾ ਏ।

- ਉਪ ਰਾਸ਼ਟਰਪਤੀ C .P . ਰਾਧਾਕ੍ਰਿਸ਼ਨਨ ਨੇ ਕਿਹਾ ਕਿ ਇੱਕ ਆਪਸ ਵਿੱਚ ਜੁੜੇ ਸੰਸਾਰ ਵਿੱਚ, ਅੰਤਰਰਾਸ਼ਟਰੀ ਸਹਿਯੋਗ ਸਿਰਫ਼ ਇੱਕ ਕੂਟਨੀਤਕ ਵਿਕਲਪ ਨਹੀਂ , ਸਗੋਂ ਵਿਸ਼ਵ ਸ਼ਾਂਤੀ, ਸੁਰੱਖਿਆ ਅਤੇ ਖੁਸ਼ਹਾਲੀ ਲਈ ਇੱਕ ਰਣਨੀਤਕ ਜ਼ਰੂਰਤ ਏ |

- ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਕਿਹਾ ਹੈ ਕਿ ਇੰਡੀਆ ਬਲਾਕ ਦੇ ਨੇਤਾ ਅੱਜ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਸੁਪਰੀਮ ਕੋਰਟ ਵਿੱਚ ਪਟੀਸ਼ਨ ਦਾਇਰ ਕਰਨਗੇ।

## *ਹੁਣ ਖਬਰਾਂ ਵਿਸਥਾਰ ਨਾਲ*

ਭਾਰਤੀ ਸਮੁੰਦਰੀ ਫੌਜ ਨੇ ਅੱਜ ਮੁੰਬਈ ਦੇ ਨੇਵਲ ਸ਼ਿਪਯਾਰਡ ਵਿਖੇ ਕੋਚੀਨ ਸ਼ਿਪਯਾਰਡ ਲਿਮਟਿਡ ਵੱਲੋਂ ਬਣਾਏ ਗਏ ਆਪਣੇ ਤੀਜੇ ANTI - SUBMARINE WARFARE SHALLOW WATER ਜਹਾਜ਼ ਆਈ.ਐਨ.ਐਸ ਮੰਗਰੋਲ ਨੂੰ ਸਮੁੰਦਰੀ ਫੌਜ 'ਚ ਸ਼ਾਮਲ ਕੀਤਾ | ਸਵਦੇਸ਼ੀ ਤਕਨਾਲੋਜੀ ਨਾਲ ਬਣਾਇਆ ਗਿਆ, ਇਹ ਜਹਾਜ਼ ਪਣਡੁੱਬੀਆਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਦਾ ਮੁਕਾਬਲਾ ਕਰਨ ਦੀ ਸਮੁੰਦਰੀ ਫੌਜ ਦੀ ਸਮਰੱਥਾ ਨੂੰ ਮਜ਼ਬੂਤ ਕਰੇਗਾ। ਪੱਛਮੀ ਜਲ ਸੈਨਾ ਕਮਾਂਡ ਦੇ ਫਲੈਗ ਅਫਸਰ ਕਮਾਂਡਿੰਗ-ਇਨ-ਚੀਫ਼, ਵਾਈਸ ਐਡਮਿਰਲ ਸੰਜੇ ਵਾਤਸਯਨ ਨੇ ਕਮਿਸ਼ਨਿੰਗ ਸਮਾਰੋਹ ਦੀ ਪ੍ਰਧਾਨਗੀ ਕੀਤੀ। ਇਸ ਮੌਕੇ 'ਤੇ ਬੋਲਦਿਆਂ, ਉਨ੍ਹਾਂ ਕਿਹਾ ਕਿ 80 ਫੀਸਦੀ ਤੋਂ ਵੱਧ ਸਵਦੇਸ਼ੀ

ਸਮੱਗਰੀ ਨਾਲ ਬਣਿਆ ਇਹ ਸਮੁੰਦਰੀ ਜਹਾਜ਼ ਭਾਰਤ ਦੀਆਂ ਇੰਜੀਨੀਅਰਿੰਗ ਸਮਰੱਥਾਵਾਂ, ਤਕਨੀਕੀ ਪ੍ਰਣਾਲੀ ਅਤੇ ਰਾਸ਼ਟਰੀ ਸੰਕਲਪ ਨੂੰ ਦਰਸਾਉਂਦਾ ਏ । ਉਨ੍ਹਾਂ ਇਹ ਵੀ ਕਿਹਾ ਕਿ 2034 ਤੱਕ, ਜਲ ਸੈਨਾ ਦੇ ਲਗਭਗ 60 ਫੀਸਦੀ ਪਲੇਟਫਾਰਮਾਂ ਦੀ ਔਸਤ ਉਮਰ 10 ਸਾਲ ਤੋਂ ਘੱਟ ਹੋਣ ਦੀ ਉਮੀਦ ਹੈ। INS ਮੰਗਰੋਲ ਨੂੰ ਤੱਟਵਰਤੀ ਅਤੇ ਘੱਟ ਪਾਣੀ ਵਾਲੇ ਇਲਾਕਿਆਂ ਵਿੱਚ ਪਾਣੀ ਹੇਠਾਂ ਖਤਰਿਆਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਦਾ ਮੁਕਾਬਲਾ ਕਰਨ ਲਈ ਤਿਆਰ ਕੀਤਾ ਗਿਆ ਹੈ। ਇਹ ਆਧੁਨਿਕ ਹਥਿਆਰਾਂ ਅਤੇ ਸੈਂਸਰਾਂ ਨਾਲ ਲੈਸ ਹੈ |

---------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਹੈ ਕਿ ਸਰਕਾਰ ਪਿਛਲੇ ਕੁਝ ਸਾਲਾਂ ਤੋਂ ਰੱਖਿਆ ਖੇਤਰ ਵਿੱਚ ਆਤਮ-ਨਿਰਭਰਤਾ ਅਤੇ ਆਧੁਨਿਕੀਕਰਨ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਇਸ ਵਿੱਚ ਹਥਿਆਰਾਂ ਅਤੇ ਤਕਨਾਲੋਜੀ ਤੋਂ ਲੈ ਕੇ ਵਰਦੀਆਂ, ਉਪਕਰਣ ਅਤੇ ਸਿਖਲਾਈ ਤੱਕ ਸਾਰੇ ਖੇਤਰ ਸ਼ਾਮਲ ਨੇ । ਅੱਜ ਨਵੀਂ ਦਿੱਲੀ ਵਿੱਚ ਭਾਰਤੀ ਫੌਜ ਅਤੇ ਭਾਰਤੀ ਖੁਰਾਕ ਨਿਗਮ ਵਿਚਕਾਰ ਇੱਕ ਸਮਝੌਤੇ 'ਤੇ ਦਸਤਖਤ ਕਰਨ ਸਮੇਂ ਬੋਲਦਿਆਂ, ਸ਼੍ਰੀ ਸਿੰਘ ਨੇ ਕਿਹਾ ਕਿ ਭਾਰਤ ਹੁਣ ਆਪਣੀਆਂ ਰੱਖਿਆ ਜ਼ਰੂਰਤਾਂ ਦਾ ਇੱਕ ਵੱਡਾ ਹਿੱਸਾ ਸਵਦੇਸ਼ੀ ਤੌਰ 'ਤੇ ਪੈਦਾ ਕਰਦਾ ਹੈ। ਉਨ੍ਹਾਂ ਕਿਹਾ ਕਿ ਸੈਨਿਕਾਂ ਨੂੰ ਪੌਸ਼ਟਿਕ ਭੋਜਨ, ਸਹੀ ਉਪਕਰਣ, ਮਿਆਰੀ ਸਿਖਲਾਈ ਅਤੇ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕਰਨ ਨਾਲ ਉਨ੍ਹਾਂ ਦਾ ਮਨੋਬਲ ਵਧਦਾ ਹੈ।

---------------------------------------------------------------

ਸੁਪਰੀਮ ਕੋਰਟ ਦੇ CHIEF JUSTICE, ਜਸਟਿਸ ਸੂਰਿਆ ਕਾਂਤ ਨੇ ਕਿਹਾ ਹੈ ਕਿ ਜਦੋਂ ਸੰਵਿਧਾਨਕ ਅਧਿਕਾਰਾਂ ਦੀ ਉਲੰਘਣਾ ਹੁੰਦੀ ਹੈ ਤਾਂ ਅਦਾਲਤਾਂ ਨੂੰ ਦਖਲ ਦੇਣਾ ਚਾਹੀਦਾ ਹੈ। ਨਵੀਂ ਦਿੱਲੀ ਵਿੱਚ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ 33ਵੇਂ ਸਥਾਪਨਾ ਦਿਵਸ 'ਤੇ ਬੋਲਦਿਆਂ, ਜਸਟਿਸ ਸੂਰਿਆ ਕਾਂਤ ਨੇ ਕਿਹਾ ਕਿ ਸੰਵਿਧਾਨ ਨੇ ਹਰੇਕ ਨਾਗਰਿਕ ਨਾਲ ਸਨਮਾਨ , ਸਮਾਨਤਾ, ਆਜ਼ਾਦੀ ਅਤੇ ਨਿਆਂ ਦਾ ਮਹੱਤਵਪੂਰਨ ਵਾਅਦਾ ਕੀਤਾ । ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨਾਂ ਨੂੰ ਸ਼ਿਕਾਇਤਾਂ ਦੀ ਜਾਂਚ ਕਰਨੀ ਚਾਹੀਦੀ ਹੈ ਅਤੇ ਵਿਵਸਥਾ 'ਚ ਕਮੀਆਂ ਦੀ ਪਛਾਣ ਕਰਕੇ ਇਹ ਯਕੀਨੀ ਬਣਾਉਣਾ ਚਾਹੀਦਾ ਕਿ ਜਿਨ੍ਹਾਂ ਮੁੱਦਿਆਂ 'ਤੇ ਆਮ ਤੌਰ 'ਤੇ ਧਿਆਨ ਨਹੀਂ ਦਿੱਤਾ ਜਾਂਦਾ ਉਨ੍ਹਾਂ 'ਤੇ ਸੰਸਥਾਗਤ ਪੱਧਰ 'ਤੇ ਧਿਆਨ ਦਿੱਤਾ ਜਾਵੇ | ਜਸਟਿਸ ਸੂਰਿਆ ਕਾਂਤ ਨੇ ਕਿਹਾ ਕਿ ਮਨੁੱਖੀ ਅਧਿਕਾਰ ਸਿੱਧੇ ਤੌਰ 'ਤੇ ਮਨੁੱਖੀ ਸਨਮਾਨ ਨਾਲ ਜੁੜੇ ਹੋਏ ਨੇ ਜਿਸ ਵਿੱਚ ਸਿਹਤ ਸੰਭਾਲ, ਭੋਜਨ, ਰਿਹਾਇਸ਼, ਰੋਜ਼ੀ-ਰੋਟੀ ਅਤੇ ਇੱਕ ਸਾਫ਼ ਸੁਥਰੇ ਵਾਤਾਵਰਣ ਤੱਕ ਪਹੁੰਚ ਸ਼ਾਮਲ ਏ । ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਕਮਿਸ਼ਨ ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਨੂੰ ਮਜ਼ਬੂਤ ਕਰਨਾ ਅਤੇ ਨਿਆਂ, ਸਨਮਾਨ ਅਤੇ ਜਵਾਬਦੇਹੀ ਨੂੰ ਉਤਸ਼ਾਹਿਤ ਕਰਨਾ ਜਾਰੀ ਰੱਖੇਗਾ। ਉਨ੍ਹਾਂ ਕਿਹਾ ਕਿ ਕਮਿਸ਼ਨ ਨੇ ਪਿਛਲੇ 33 ਸਾਲਾਂ ਵਿੱਚ 24 ਲੱਖ ਤੋਂ ਵੱਧ ਕੇਸ ਦਰਜ ਕੀਤੇ ਨੇ ਅਤੇ 23 ਲੱਖ ਤੋਂ ਵੱਧ ਕੇਸਾਂ ਦਾ ਨਿਪਟਾਰਾ ਕੀਤਾ ਏ ।

--------------------------------------------------------

ਭਾਰਤ ਦੇ ਚੀਫ਼ ਜਸਟਿਸ, ਜਸਟਿਸ ਸੂਰਿਆ ਕਾਂਤ ਨੇ ਕਿਹਾ ਕਿ ਸੁਪਰੀਮ ਕੋਰਟ ਦੇ ਦਰਵਾਜ਼ੇ ਹਰੇਕ ਲਈ ਖੁੱਲ੍ਹੇ ਨੇ । ਉਨ੍ਹਾਂ ਕਿਹਾ ਕਿ ਕਿਸੇ ਵੀ ਨਿੱਜੀ ਨਾਗਰਿਕ ਜਾਂ ਚੁਣੀ ਹੋਈ ਸੰਸਥਾ ਦੀਆਂ ਪਟੀਸ਼ਨਾਂ ਦਾ ਸਵਾਗਤ ਹੈ। ਉਨ੍ਹਾਂ ਕਿਹਾ ਕਿ ਹਰੇਕ ਭਾਰਤੀ ਨਾਗਰਿਕ ਨੂੰ ਅਦਾਲਤ ਤੱਕ ਪਹੁੰਚ ਕਰਨ ਦਾ ਅਧਿਕਾਰ ਹੈ, ਅਤੇ ਅਦਾਲਤ ਉਨ੍ਹਾਂ ਦੀਆਂ ਪਟੀਸ਼ਨਾਂ ਸੁਣੇਗੀ ਅਤੇ ਕਾਨੂੰਨ ਤਹਿਤ ਜੋ ਵੀ ਰਾਹਤ ਉਪਲਬਧ ਹੋਵੇਗੀ, ਪ੍ਰਦਾਨ ਕਰੇਗੀ। ਇੰਡੀਆ ਬਲਾਕ ਨਾਲ ਮੀਟਿੰਗ ਦੀ ਮੰਗ ਦੇ ਸੰਬੰਧ ਵਿੱਚ, ਜਸਟਿਸ ਸੂਰਿਆ ਕਾਂਤ ਨੇ ਕਿਹਾ ਕਿ ਉਨ੍ਹਾਂ ਨੂੰ ਕੱਲ੍ਹ ਇੱਕ ਪੱਤਰ ਮਿਲਿਆ ਸੀ ਜਿਸ ਵਿੱਚ ਮੀਟਿੰਗ ਦੀ ਬੇਨਤੀ ਕੀਤੀ ਗਈ ਸੀ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਨੇ ਕੱਲ੍ਹ ਰਾਤ ਇਸਦਾ ਜਵਾਬ ਦਿੱਤਾ ਸੀ ਅਤੇ ਉਨ੍ਹਾਂ ਨਾਲ ਮੁਲਾਕਾਤ ਨਾ ਕਰਨ ਦਾ ਕਾਰਨ ਵੀ ਦੱਸਿਆ ਸੀ।

--------------------------------------------------------

ਉਪ ਰਾਸ਼ਟਰਪਤੀ C .P. ਰਾਧਾਕ੍ਰਿਸ਼ਨਨ ਨੇ ਅੱਜ ਕਿਹਾ ਕਿ ਇੱਕ ਆਪਸ ਵਿੱਚ ਜੁੜੇ ਸੰਸਾਰ ਵਿੱਚ, ਅੰਤਰਰਾਸ਼ਟਰੀ ਸਹਿਯੋਗ ਸਿਰਫ਼ ਇੱਕ ਕੂਟਨੀਤਕ ਵਿਕਲਪ ਨਹੀਂ ਏ , ਸਗੋਂ ਵਿਸ਼ਵ ਸ਼ਾਂਤੀ, ਸੁਰੱਖਿਆ ਅਤੇ ਖੁਸ਼ਹਾਲੀ ਲਈ ਇੱਕ ਰਣਨੀਤਕ ਜ਼ਰੂਰਤ ਏ । ਨਵੀਂ ਦਿੱਲੀ ਦੇ ਨੈਸ਼ਨਲ ਡਿਫੈਂਸ ਕਾਲਜ ਵਿੱਚ ਬੋਲਦਿਆਂ, ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਵਿਸ਼ਵ ਸਹਿਯੋਗ ਦੀ ਕੁੰਜੀ ਸਾਂਝੇ ਹਿੱਤਾਂ ਨੂੰ ਪਛਾਣਨਾ,ਉਨ੍ਹਾਂ ਦਾ ਸਨਮਾਨ ਕਰਨ ਅਤੇ ਸਮੂਹਿਕ ਕਾਰਵਾਈ ਵਿੱਚ ਬਦਲਣਾ ਏ । ਉਨ੍ਹਾਂ

ਕਿਹਾ ਕਿ ਜਲਵਾਯੂ ਤਬਦੀਲੀ ਅਤੇ ਦਹਿਸ਼ਤਗਰਦੀ ਵਰਗੀਆਂ ਵਿਸ਼ਵਵਿਆਪੀ ਸਮੱਸਿਆਵਾਂ ਨਾਲ ਨਜਿੱਠਣ ਲਈ ਸਮੂਹਿਕ ਪ੍ਰਤੀਕਿਰਿਆ ਦੀ ਲੋੜ ਹੈ। ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ 'ਵਸੁਧੈਵ ਕੁਟੁੰਬਕਮ' ਭਾਰਤ ਲਈ ਸਿਰਫ਼ ਇੱਕ ਨਾਅਰਾ ਨਹੀਂ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਕਿਸੇ ਦੇਸ਼ 'ਚ ਕੋਈ ਆਫ਼ਤ ਜਾਂ ਦੁਖਾਂਤ ਆਉਂਦਾ ਹੈ, ਤਾਂ ਭਾਰਤ ਮਦਦ ਕਰਨ ਵਾਲੇ ਸਭ ਤੋਂ ਪਹਿਲਾਂ ਹੁੰਦਾ ਹੈ। ਉਪ ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਦਾ ਟੀਚਾ ਦੁਨੀਆ ਦਾ ਸਭ ਤੋਂ ਸ਼ਕਤੀਸ਼ਾਲੀ ਦੇਸ਼ ਬਣਨਾ ਹੈ।

---------------------------------------------------

ਕਾਂਗਰਸ ਨੇਤਾ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਕਿਹਾ ਹੈ ਕਿ ਇੰਡੀਆ ਬਲਾਕ ਦੇ ਨੇਤਾ ਅੱਜ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਸੁਪਰੀਮ ਕੋਰਟ ਵਿੱਚ ਪਟੀਸ਼ਨ ਦਾਇਰ ਕਰਨਗੇ। ਅੱਜ ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ਼੍ਰੀ ਗਾਂਧੀ ਨੇ ਕਿਹਾ ਕਿ ਉਨ੍ਹਾਂ ਅਤੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਭਾਰਤ ਦੇ ਚੀਫ਼ ਜਸਟਿਸ ਨੂੰ ਇੱਕ ਪੱਤਰ ਲਿਖਿਆ ਹੈ, ਜਿਸ ਵਿੱਚ ਚੋਣਾਂ ਦੀ ਨਿਰਪੱਖਤਾ 'ਤੇ ਚਿੰਤਾ ਪ੍ਰਗਟ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਕਥਿਤ ਵੋਟ ਚੋਰੀ ਵਿਰੁੱਧ ਦਿੱਲੀ ਵਿੱਚ ਕਈ ਦਿਨਾਂ ਤੋਂ ਵਿਰੋਧ ਪ੍ਰਦਰਸ਼ਨ ਚੱਲ ਰਿਹਾ ਏ ਪਰ ਲੋਕਾਂ ਨੂੰ ਦਿੱਲੀ ਪਹੁੰਚਣ ਤੋਂ ਰੋਕਿਆ ਜਾ ਰਿਹਾ ਏ ।

---------------------------------------------------

ਪੰਜਾਬ ਵਿੱਚ, ਅੰਮ੍ਰਿਤਸਰ ਦੇ ਸ਼੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ਨੇੜੇ ਕੱਲ੍ਹ ਦੇਰ ਰਾਤ ਸ਼ੱਕੀ ਡਰੋਨ ਗਤੀਵਿਧੀ ਨੇ ਉਡਾਣ ਸੰਚਾਲਨ ਵਿੱਚ ਵਿਘਨ ਪਾਇਆ | ਇਸ ਕਾਰਨ ਇਹਤਿਆਤ ਵਜੋਂ ਹਵਾਈ ਅੱਡੇ 'ਤੇ ਆਉਣ ਵਾਲੀਆਂ 2 ਉਡਾਣਾਂ ਨੂੰ ਮੋੜਨਾ ਪਿਆ। ਹਾਲਾਂਕਿ, ਹੁਣ ਸੰਚਾਲਨ ਆਮ ਵਾਂਗ ਏ | ਅਧਿਕਾਰਤ ਸੂਤਰਾਂ ਨੇ ਸਾਡੇ ਪੱਤਰਕਾਰ ਕੋਲ ਪੁਸ਼ਟੀ ਕੀਤੀ ਏ ਕਿ ਹਵਾਈ ਅੱਡੇ ਦੇ ਆਲੇ-ਦੁਆਲੇ 2 ਤੋਂ 3 ਡਰੋਨ ਉੱਡਦੇ ਦੇਖੇ ਗਏ, ਜਿਸ ਤੋਂ ਬਾਅਦ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ ਅਤੇ ਕੁਝ ਸਮੇਂ ਲਈ ਇਹਤਿਆਤ ਵਜੋਂ ਉਡਾਣ ਸੰਚਾਲਨ ਨੂੰ ਰੋਕ ਦਿੱਤਾ ਗਿਆ। ਦਿੱਲੀ ਤੋਂ ਆ ਰਹੀ AIR INDIA ਦੀ ਉਡਾਣ ਨੂੰ ਵਾਪਸ ਭੇਜ ਦਿੱਤਾ ਗਿਆ ਜਦ ਕਿ ਮੁੰਬਈ ਤੋਂ ਆ ਰਹੀ ਇੰਡੀਗੋ ਦੀ ਉਡਾਣ ਨੂੰ ਚੰਡੀਗੜ੍ਹ ਵਲ ਮੋੜ ਦਿੱਤਾ ਗਿਆ। ਮਲੇਸ਼ੀਆ ਏਅਰਲਾਈਨਜ਼ ਦੀ ਇੱਕ ਉਡਾਣ ਜੋ ਕੁਆਲਾਲੰਪੁਰ ਤੋਂ ਅੰਮ੍ਰਿਤਸਰ ਆ ਰਹੀ ਸੀ, ਨੂੰ ਵੀ ਦਿੱਲੀ ਉਤਾਰਿਆ ਗਿਆ। ਸੂਤਰਾਂ ਨੇ ਦੱਸਿਆ ਕਿ ਅੰਮ੍ਰਿਤਸਰ ਪੁਲਿਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਮਾਮਲੇ ਦੀ ਜਾਂਚ ਲਈ F.I.R. ਦਰਜ ਕੀਤੀ ਗਈ ਹੈ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਜਮਾਤਾ ਵਿਜਯਾਰਾਜੇ ਸਿੰਧੀਆ ਨੂੰ ਉਨ੍ਹਾਂ ਦੀ ਜਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦਾ ਬਲੀਦਾਨ ਅਤੇ ਰਾਸ਼ਟਰੀ ਸੇਵਾ ਪ੍ਰਤੀ ਸਮਰਪਣ ਲੋਕਾਂ ਨੂੰ ਪ੍ਰੇਰਿਤ ਕਰਦਾ ਰਹੇਗਾ ।

ਉਨ੍ਹਾਂ ਅੱਗੇ ਕਿਹਾ ਕਿ ਰਾਜਮਾਤਾ ਵਿਜਯਾਰਾਜੇ ਸਿੰਧੀਆ ਦੇ ਆਦਰਸ਼ ਅਤੇ ਵਿਚਾਰ ਇੱਕ ਵਿਕਸਤ ਭਾਰਤ ਦੇ ਸੰਕਲਪ ਨੂੰ ਨਵੀਂ ਊਰਜਾ ਪ੍ਰਦਾਨ ਕਰਨਗੇ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਅੱਜ ਨਵਰਾਤਰੀ ਦੇ ਦੂਜੇ ਦਿਨ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਸੋਸ਼ਲ ਮੀਡੀਆ 'ਤੇ ਇੱਕ ਸੰਦੇਸ਼ ਵਿੱਚ, ਉਨ੍ਹਾਂ ਕਿਹਾ ਕਿ ਨਵਰਾਤਰੀ ਦਾ ਦੂਜਾ ਦਿਨ ਦੇਵੀ ਬ੍ਰਹਮਚਾਰਿਣੀ ਦੀ ਪੂਜਾ ਨੂੰ ਸਮਰਪਿਤ ਹੈ। ਦੇਵੀ ਬ੍ਰਹਮਚਾਰਿਣੀ ਤਪੱਸਿਆ, ਤਿਆਗ ਅਤੇ ਸੰਕਲਪ  ਦਾ ਪ੍ਰਤੀਕ ਏ । ਪ੍ਰਧਾਨ ਮੰਤਰੀ ਨੇ ਕਾਮਨਾ  ਕੀਤੀ ਕਿ ਦੇਵੀ ਬ੍ਰਹਮਚਾਰਿਣੀ ਸਾਰਿਆਂ ਨੂੰ ਹਿੰਮਤ ਅਤੇ ਆਤਮਸੰਜਮ ਦਾ ਆਸ਼ੀਰਵਾਦ ਦੇਵੇ।

-----------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਸਮਾਜਵਾਦੀ ਚਿੰਤਕ ਅਤੇ ਸੁਤੰਤਰਤਾ ਸੈਨਾਨੀ  ਡਾ. ਰਾਮ ਮਨੋਹਰ ਲੋਹੀਆ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਸਿੰਘ ਨੇ ਕਿਹਾ ਕਿ ਡਾ. ਲੋਹੀਆ ਦਾ ਜੀਵਨ ਸਾਨੂੰ ਰਾਜਨੀਤਿਕ ਇਮਾਨਦਾਰੀ, ਸਮਾਜਿਕ ਨਿਆਂ ਅਤੇ ਦੱਬੇ-ਕੁਚਲੇ ਲੋਕਾਂ ਦੇ ਅਧਿਕਾਰਾਂ ਲਈ ਲੜਨ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ

ਲੋਹੀਆ ਦੇ ਵਿਚਾਰ ਅੱਜ ਵੀ ਇੱਕ ਸਮਾਵੇਸ਼ੀ ਸਮਾਜ ਦੇ ਨਿਰਮਾਣ ਵੱਲ ਸਾਰਿਆਂ ਦਾ ਮਾਰਗਦਰਸ਼ਨ ਕਰਦੇ ਨੇ।

---

ਕੱਲ੍ਹ ਨਰਾਤਿਆਂ ਦੇ ਪਹਿਲੇ ਦਿਨ, ਕੁੱਲ 47 ਹਜ਼ਾਰ 346 ਸ਼ਰਧਾਲੂਆਂ ਨੇ ਪਵਿੱਤਰ ਸ਼੍ਰੀ ਮਾਤਾ ਵੈਸ਼ਨੋ ਦੇਵੀ ਮੰਦਰ ਦੇ ਦਰਸ਼ਨ ਕੀਤੇ। ਜੰਮੂ ਕਸ਼ਮੀਰ 'ਚ ਤ੍ਰਿਕੁਟ ਪਹਾੜੀਆਂ ਵਿੱਚ ਸਥਿਤ ਇਸ ਮੰਦਰ ਵਿੱਚ ਸ਼ਰਧਾਲੂਆਂ ਦੀ ਭਾਰੀ ਭੀੜ ਦੇਖੀ ਗਈ।

---

- ਭਾਰਤੀ ਸਮੁੰਦਰੀ ਫੌਜ ਨੇ ਅੱਜ ਮੁੰਬਈ 'ਚ ਪਣਡੁੱਬੀ ਵਿਰੋਧੀ ਜਹਾਜ਼ INS ਮੰਗਰੋਲ ਨੂੰ ਸਮੁੰਦਰੀ ਫੌਜ 'ਚ ਸ਼ਾਮਲ ਕੀਤਾ ਏ |

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਹੈ ਕਿ ਸਰਕਾਰ ਪਿਛਲੇ ਕੁਝ ਸਾਲਾਂ ਤੋਂ ਰੱਖਿਆ ਖੇਤਰ ਵਿੱਚ ਆਤਮ-ਨਿਰਭਰਤਾ ਅਤੇ ਆਧੁਨਿਕੀਕਰਨ 'ਤੇ ਧਿਆਨ ਕੇਂਦਰਿਤ ਕਰ ਰਹੀ ਏ।

- ਸੁਪਰੀਮ ਕੋਰਟ ਦੇ CHIEF JUSTICE, ਜਸਟਿਸ ਸੂਰਿਆ ਕਾਂਤ ਨੇ ਕਿਹਾ ਹੈ ਕਿ ਜਦੋਂ ਸੰਵਿਧਾਨਕ ਅਧਿਕਾਰਾਂ ਦੀ ਉਲੰਘਣਾ ਹੁੰਦੀ ਹੈ ਤਾਂ ਅਦਾਲਤਾਂ ਨੂੰ ਦਖਲ ਦੇਣਾ ਚਾਹੀਦਾ ਏ।

- ਉਪ ਰਾਸ਼ਟਰਪਤੀ C .P . ਰਾਧਾਕ੍ਰਿਸ਼ਨਨ ਨੇ  ਕਿਹਾ ਕਿ ਇੱਕ ਆਪਸ ਵਿੱਚ ਜੁੜੇ ਸੰਸਾਰ ਵਿੱਚ, ਅੰਤਰਰਾਸ਼ਟਰੀ ਸਹਿਯੋਗ ਸਿਰਫ਼ ਇੱਕ ਕੂਟਨੀਤਕ ਵਿਕਲਪ ਨਹੀਂ  , ਸਗੋਂ ਵਿਸ਼ਵ ਸ਼ਾਂਤੀ, ਸੁਰੱਖਿਆ ਅਤੇ ਖੁਸ਼ਹਾਲੀ ਲਈ ਇੱਕ ਰਣਨੀਤਕ ਜ਼ਰੂਰਤ ਏ |

- ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਕਿਹਾ ਹੈ ਕਿ ਇੰਡੀਆ ਬਲਾਕ ਦੇ ਨੇਤਾ ਅੱਜ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਸੁਪਰੀਮ ਕੋਰਟ ਵਿੱਚ ਪਟੀਸ਼ਨ ਦਾਇਰ ਕਰਨਗੇ।
-

---------------------------------------------------------

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮੀਂ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!